**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਵਿਜੇ ਹੰਸ, (ਮੋਬ 98883-88052)
ਮਕਾਨ ਨੰ:31, ਸੱਤਿਆ ਨਿਵਾਸ,
ਸਿਲਵਰ ਸਿਟੀ, ਜ਼ੀਰਕਪੁਰ-140603. ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੁਪਰਡੰਟ, ਪ੍ਰਸੋਨਲ ਵਿਭਾਗ (ਆਈ.ਏ.ਐਸ. ਸ਼ਾਖਾ),
ਪੰਜਾਬ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਉਪ ਸਕੱਤਰ, ਪ੍ਰਸੋਨਲ ਵਿਭਾਗ,
ਪੰਜਾਬ ਸਿਵਲ ਸਕੱਤਰੇਤ-1, ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ:1009/2019**

**ਹਾਜ਼ਰ:-**

1) ਸ਼੍ਰੀ ਵਿਜੇ ਹੰਸ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਜਤਿੰਦਰ ਸਿੰਘ, ਸੀਨੀਅਰ ਸਹਾਇਕ (99146-22278)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-12-2018, ਲੋਕ ਸੂਚਨਾ ਅਧਿਕਾਰੀ ਦਫਤਰ ਸੁਪਰਡੰਟ, ਪ੍ਰਸੋਨਲ ਵਿਭਾਗ (ਆਈ.ਏ.ਐਸ. ਸ਼ਾਖਾ), ਪੰਜਾਬ, ਚੰਡੀਗੜ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਡਾਕਟਰ ਭੁਪਿੰਦਰਪਾਲ ਸਿੰਘ, ਆਈ.ਏ.ਐਸ. ਵਿਰੁੱਧ ਉਸ ਦੇ ਬਤੌਰ ਨਾਨ-ਪੀ.ਸੀ.ਐਸ. ਅਧਿਕਾਰੀ ਸਾਲ 1989 ਵਿੱਚ ਸੇਵਾ ਜੁਆਇੰਨ ਕਰਨ ਤੋਂ ਲੈ ਕੇ ਸਾਰੀ ਸੇਵਾ ਦੌਰਾਨ ਹੋਈਆਂ ਸ਼ਿਕਾਇਤਾਂ, ਵਿਭਾਗੀ ਪੜਤਾਲਾਂ ਅਤੇ ਸਿਵਲ ਜਾਂ ਫੌਜਦਾਰੀ ਕੇਸਾਂ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 13-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-05-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-06-2019 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 11-06-2019 ਤੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ ਸੀ। ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਜਤਿੰਦਰ ਸਿੰਘ, ਸੀਨੀਅਰ ਸਹਾਇਕ ਨੇ ਭਾਰਤ ਸਰਕਾਰ, ਪ੍ਰਸੋਨਲ ਤੇ ਟ੍ਰੇਨਿੰਗ ਵਿਭਾਗ ਦੇ ਪੱਤਰ ਨੰ:11/2/2013 -ਆਈ.ਆਰ.(ਪੀ.ਟੀ.),ਮਿਤੀ 14-08-2013 ਰਾਹੀਂ ਜਾਰੀ ਹੋਈਆਂ ਹਦਾਇਤਾਂ ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਸੀ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਵਿੱਚ ਕੋਈ ਵੱਡਾ ਲੋਕ ਹਿੱਤ ਸ਼ਾਮਿਲ ਨਾ ਹੋਣ ਕਾਰਨ ਅਪੀਲਕਰਤਾ ਨੂੰ ਸੂਚਨਾ ਨਹੀਂ ਦਿੱਤੀ ਜਾ ਸਕਦੀ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੀ ਗਈ ਹਦਾਇਤਾਂ ਦੀ ਕਾਪੀ ਮਿਸਲ ਤੇ ਰੱਖ ਲਈ ਗਈ ਸੀ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:19/32/2018- ਆਈ.ਏ.ਐਸ. (1)/1806, ਮਿਤੀ 23-05-2019 ਰਾਹੀਂ ਕਮਿਸ਼ਨ ਅਤੇ ਅਪੀਲਕਰਤਾ ਨੂੰ ਵੀ ਪਹਿਲਾਂ ਹੀ ਸੂਚਿਤ ਕੀਤਾ ਹੋਇਆ ਸੀ । ਦੋਵੇਂ ਧਿਰਾਂ ਦਾ ਪੱਖ ਸੁਣਨ ਉਪਰੰਤ ਇਸ ਕੇਸ ਵਿੱਚ ਡੂੰਘਾਈ ਨਾਲ ਵਿਚਾਰ ਕਰਨ ਲਈ ਇਹ ਕੇਸ ਫੈਸਲੇ ਲਈ ਰਿਜ਼ਰਵ ਰੱਖ ਲਿਆ ਗਿਆ ਸੀ।

3. ਇਸ ਕੇਸ ਵਿੱਚ ਅਪੀਲਕਰਤਾ ਨੇ ਡਾਕਟਰ ਭੁਪਿੰਦਰਪਾਲ ਸਿੰਘ, ਆਈ.ਏ.ਐਸ. ਵਿਰੁੱਧ ਉਸ ਦੇ ਬਤੌਰ ਨਾਨ-ਪੀ.ਸੀ.ਐਸ. ਅਧਿਕਾਰੀ ਸਾਲ 1989 ਵਿੱਚ ਸੇਵਾ ਜੁਆਇੰਨ ਕਰਨ ਤੋਂ ਲੈ ਕੇ ਸਾਰੀ ਸੇਵਾ ਦੌਰਾਨ ਹੋਈਆਂ ਸ਼ਿਕਾਇਤਾਂ,

ਪਰਤੋ ਜੀ---ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:1009/2019**

ਵਿਭਾਗੀ ਪੜਤਾਲਾਂ ਅਤੇ ਸਿਵਲ ਜਾਂ ਫੌਜਦਾਰੀ ਕੇਸਾਂ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਆਪਣੇ ਪੱਤਰ ਨੰ:19/32/2018- ਆਈ.ਏ.ਐਸ.(1)/1806, ਮਿਤੀ 23-05-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਹੋਇਆ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਵਿੱਚ ਕੋਈ ਵੱਡਾ ਲੋਕ ਹਿੱਤ ਸ਼ਾਮਿਲ ਨਾ ਹੋਣ ਕਾਰਨ ਅਪੀਲਕਰਤਾ ਨੂੰ ਸੂਚਨਾ ਨਹੀਂ ਦਿੱਤੀ ਜਾ ਸਕਦੀ। ਪਿਛਲੀ ਪੇਸ਼ੀ, ਮਿਤੀ 11-06-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਜਤਿੰਦਰ ਸਿੰਘ, ਸੀਨੀਅਰ ਸਹਾਇਕ ਨੇ ਇਸ ਦੀ ਪ੍ਰੋੜ੍ਹਤਾ ਵਿੱਚ ਭਾਰਤ ਸਰਕਾਰ, ਪ੍ਰਸੋਨਲ ਤੇ ਟ੍ਰੇਨਿੰਗ ਵਿਭਾਗ ਦੇ ਪੱਤਰ ਨੰ:11/2/2013 -ਆਈ.ਆਰ.(ਪੀ.ਟੀ.),ਮਿਤੀ 14-08-2013 ਰਾਹੀਂ ਜਾਰੀ ਹੋਈਆਂ ਹਦਾਇਤਾਂ ਦੀ ਕਾਪੀ ਵੀ ਪੇਸ਼ ਕੀਤੀ ਗਈ ਸੀ। ਇਨ੍ਹਾਂ ਹਦਾਇਤਾਂ ਵਿੱਚ ਮਾਣਯੋਗ ਸੁਪਰੀਮ ਕੋਰਟ ਆਫ਼ ਇੰਡੀਆ ਵੱਲੋਂ ਅਜਿਹੇ ਹੀ ਕੇਸ ਵਿੱਚ ਗਿਰੀਸ਼ ਆਰ.ਦੇਸ਼ਪਾਂਡੇ ਬਨਾਮ ਸੈਂਟਰਲ ਇਨਫਰਮੇਸ਼ਨ ਕਮਿਸ਼ਨ ਅਤੇ ਹੋਰ (ਐਸ.ਐਲ.ਪੀ.-ਸੀ ਨੰ:27734/2012) ਵਿੱਚ ਪਾਸ ਕੀਤੇ ਗਏ ਹੁਕਮ ਦਾ ਜ਼ਿਕਰ ਕੀਤਾ ਗਿਆ ਹੈ ਜਿਸ ਦਾ ਢੁਕਵਾਂ ਭਾਗ ਹੇਠ ਦੁਹਰਾਇਆ ਜਾ ਰਿਹਾ ਹੈ:-

> "The performance of an employee/Officer in an organisation is primarily a matter between the employee and the employer and normally those aspects are governed by the service rules which fall under the expression 'personal information', the disclosure of which has no relationship to any public activity or public interest. On the other hand , the disclosure of which could cause unwarranted invasion of the privacy of that individual. The Supreme Court further held that such information could be disclosed only if it would serve a larger pulilc interest."

ਮਾਣਯੋਗ ਸੁਪਰੀਮ ਕੋਰਟ ਆਫ਼ ਇੰਡੀਆ ਵੱਲੋਂ ਪਾਸ ਕੀਤਾ ਗਿਆ ਉਕਤ ਹੁਕਮ ਹਥਲੇ ਕੇਸ ਵਿੱਚ ਇੰਨ-ਬਿੰਨ ਲਾਗੂ ਹੁੰਦਾ ਹੈ। ਅਪੀਲਕਰਤਾ ਵੱਲੋਂ ਆਪਣੀ ਆਰ.ਟੀ.ਆਈ. ਅਰਜ਼ੀ ਵਿੱਚ ਕਿਸੇ ਵੱਡੇ ਲੋਕ ਹਿੱਤ (Larger public interest) ਦਾ ਜ਼ਿਕਰ ਨਹੀਂ ਕੀਤਾ ਗਿਆ ਜਿਸ ਕਰਕੇ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਨਹੀਂ ਕਰਵਾਈ ਜਾ ਸਕਦੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਪੇਸ਼ ਕੀਤੇ ਗਏ ਜਵਾਬ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲਕ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 24 ਜੂਨ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**